MON,19 MAY 2025
EDITION: FATEHGARH SAHIB BANI, PAGE NO

ਜਗ ਬਾਣੀ
ਈ-ਪੇਪਰ

# ਓਮ ਪ੍ਰਕਾਸ਼ ਬਾਂਸਲ ਮਾਡਲ ਸਕੂਲ ਦੇ ਵਿਦਿਆਰਥੀਆਂ ਨੇ ਸੀ.ਬੀ.ਐੱਸ.ਈ. ਪ੍ਰੀਖਿਆ 'ਚ ਕੀਤਾ ਸਕੂਲ ਦਾ ਨਾਂ ਰੌਸ਼ਨ



ਓ.ਪੀ.ਬੀ.ਐੱਮ.ਐੱਸ. 'ਚ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀ। (ਸੁਰੇਸ਼)

ਮੰਡੀ ਗੋਬਿੰਦਗੜ੍ਹ, 18 ਮਈ (ਸੁਰੇਸ਼): ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ, ਮੰਡੀ ਗੋਬਿੰਦਗੜ੍ਹ ਦੇ ਵਿਦਿਆਰਥੀਆਂ ਨੇ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲਾ ਫਤਹਿਗੜ੍ਹ ਸਾਹਿਬ 'ਚ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਇਸ ਬੋਰਡ ਪ੍ਰੀਖਿਆ 'ਚ ਵਿਦਿਆਰਥੀਆਂ ਨੇ ਜ਼ਿਲੇ 'ਚ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ, ਜਿੱਥੇ 10ਵੀਂ ਜਮਾਤ ਦੀ ਦੀਆਂ ਗੋਇਲ ਨੇ 99.2 ਫੀਸਦੀ ਅੰਕ ਪ੍ਰਾਪਤ ਕਰਕੇ ਜ਼ਿਲੇ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਜਦੋਂ ਕਿ 12ਵੀਂ ਜਮਾਤ (ਸੀਨੀਅਰ ਸੈਕੰਡਰੀ ਪ੍ਰੀਖਿਆ) 'ਚ ਮੇਹੁਲ ਜਿੰਦਲ ਨੇ 98.8 ਫੀਸਦੀ ਅੰਕ ਪ੍ਰਾਪਤ ਕਰਕੇ ਜ਼ਿਲਾ ਟਾਪਰ ਦਾ ਸਥਾਨ ਹਾਸਲ ਕੀਤਾ ਹੈ।

ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਗੀਤਾ ਸ਼ਰਮਾ ਨੇ ਦੀਆ ਅਤੇ ਮੇਹੁਲ ਨੂੰ ਇਸ ਮਾਣਮੱਤੇ ਪ੍ਰਾਪਤੀ 'ਤੇ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਉਨ੍ਹਾਂ ਦੀ ਮਿਹਨਤ, ਲਗਨ ਅਤੇ ਅਨੁਸ਼ਾਸਨ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਇਸ ਸਫਲਤਾ ਵਿਚ ਉਨ੍ਹਾਂ ਦੇ ਸਕੂਲ ਦੇ ਅਧਿਆਪਕਾਂ ਅਤੇ ਮਾਪਿਆਂ ਦਾ ਸਹਿਯੋਗ ਵੀ ਮਹੱਤਵਪੂਰਨ ਰਿਹਾ ਹੈ।

ਉਨ੍ਹਾਂ ਕਿਹਾ ਕਿ ਓ.ਪੀ.ਬੀ.ਐੱਮ.ਐੱਸ. ਨੇ ਹਮੇਸ਼ਾ ਉੱਤਮਤਾ ਲਈ ਯਤਨਸ਼ੀਲ ਰਿਹਾ ਹੈ ਅਤੇ ਇਹ ਨਤੀਜਾ ਸਾਡੇ ਮਿਸ਼ਨ ਦੀ ਪੁਸ਼ਟੀ ਕਰਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਸਕੂਲ ਨਾ ਸਿਰਫ ਪ੍ਰੀਖਿਆ ਨਤੀਜਿਆਂ ਵਿਚ ਸਿਖਰ 'ਤੇ ਹੈ, ਸਗੋਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਇਕ ਆਦਰਸ਼ ਸੰਸਥਾ ਵੀ ਹੈ, ਜਿੱਥੇ ਵਿਦਿਆਰਥੀਆਂ ਦਾ ਭਵਿੱਖ ਸੁਨਹਿਰਾ ਹੁੰਦਾ ਹੈ। ਇਸ ਮੌਕੇ ਸਕੂਲ ਪ੍ਰਬੰਧਕਾਂ ਤੇ ਸਟਾਫ ਨੇ ਦੋਵਾਂ ਵਿਦਿਆਰਥੀਆਂ ਨੂੰ ਸਨਮਾਨਿਤ ਕਰਕੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।